# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   21 ਸਤੰਬਰ 2026 ਦਿਨ ਸੋਮਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਰੀ ਵਿਖੇ ਕਬੱਡੀ ਖਿਡਾਰੀਆਂ ਦੀ ਯਾਦਗਾਰੀ ਮਿਲਣੀ ਸਫ਼ਲਤਾਪੂਰਵਕ ਸੰਪੰਨ

ਵਰਲਡ ਪੰਜਾਬੀ ਟਾਈਮਜ਼



ਸਰੀ, 21 ਸਤੰਬਰ : ਉੱਘੇ ਕਬੱਡੀ ਖਿਡਾਰੀ ਸਵਰਗੀ ਅਜੀਤ ਸਿੰਘ ਮਾਲੜੀ ਦੇ ਸਪੁੱਤਰ ਵਰਿੰਦਰ ਸਿੰਘ ਸੰਧੂ ਵੱਲੋਂ ਕਬੱਡੀ ਖਿਡਾਰੀਆਂ ਦੀ ਵਿਸ਼ੇਸ਼ ਮਿਲਣੀ ਕਰਵਾਈ ਗਈ। ਇਸ ਮਿਲਣੀ ਵਿੱਚ ਸ਼ਾਮਲ ਹੋਣ ਲਈ ਜਗਤ ਪੰਜਾਬੀ ਸਭਾ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਵਿਸ਼ੇਸ਼ ਤੌਰ 'ਤੇ ਬਰੈਂਪਟਨ ਤੋਂ ਪਹੁੰਚੇ। ਸਮਾਗਮ ਵਿੱਚ ਲਗਭਗ 30 ਸਾਬਕਾ ਕਬੱਡੀ ਖਿਡਾਰੀਆਂ ਅਤੇ ਖੇਡ-ਪ੍ਰੇਮੀਆਂ ਨੇ ਹਿੱਸਾ ਲਿਆ।

ਮਿਲਣੀ ਦੌਰਾਨ ਫਰਵਰੀ 2027 ਵਿੱਚ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ 1950 ਤੋਂ 2000 ਤੱਕ ਸਰਗਰਮ ਰਹੇ ਕਬੱਡੀ ਖਿਡਾਰੀਆਂ ਦੇ ਕਰਵਾਏ ਜਾਣ ਵਾਲੇ ਵਿਸ਼ਾਲ ਸਨਮਾਨ ਸਮਾਰੋਹ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਆਪਣੇ ਸਮੇਂ ਦੇ ਕਈ ਨਾਮਵਰ ਖਿਡਾਰੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਬਲਦੇਵ ਸਿੰਘ 'ਸਿਮਰੂ' ਲੁਧਿਆਣਾ, ਚੰਦੂ ਲੱਲੀਆਂ, ਸਾਧੂ ਉੱਪਲ, ਲੱਖਾਂ, ਬਲਬੀਰ ਸਿੰਘ, ਰਮਿੰਦਰ ਭੁੱਲਰ, ਗੁਰਜੀਤ ਸਿੰਘ ਪੁਰੇਵਾਲ ਹਕੀਮਪੁਰ, ਜਵਾਰਾ, ਸੰਤੋਖ ਸਿੰਘ ਮੰਡੇਰ ਅਤੇ ਗੁਰਬਖ਼ਸ਼ ਸਿੰਘ ਬਾਗੀ ਆਦਿ ਪ੍ਰਮੁੱਖ ਸਨ। ਸਾਰੇ ਹਾਜ਼ਰੀਨ ਨੇ ਆਪਣੀ ਜਾਣ-ਪਛਾਣ ਕਰਵਾਈ ਅਤੇ ਕਬੱਡੀ ਖੇਡ ਨਾਲ ਜੁੜੀਆਂ ਯਾਦਾਂ, ਤਜਰਬੇ ਅਤੇ ਕੀਮਤੀ ਵਿਚਾਰ ਸਾਂਝੇ ਕੀਤੇ।



ਸਮੂਹ ਖਿਡਾਰੀਆਂ ਨੇ ਫਰਵਰੀ 2027 ਵਿੱਚ ਹੋਣ ਵਾਲੇ ਸਨਮਾਨ ਸਮਾਰੋਹ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ ਅਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਹਾਜ਼ਰੀਨ ਨੇ ਆਸ ਪ੍ਰਗਟਾਈ ਕਿ 1950 ਤੋਂ 2000 ਤੱਕ ਖੇਡਣ ਵਾਲੇ ਕਬੱਡੀ ਖਿਡਾਰੀਆਂ ਦੇ ਜੀਵਨ, ਖੇਡ-ਸਫ਼ਰ ਅਤੇ ਪ੍ਰਾਪਤੀਆਂ ਬਾਰੇ ਤਿਆਰ ਕੀਤੀ ਜਾ ਰਹੀ ਪੁਸਤਕ ਨੂੰ ਭਰਵਾਂ ਹੁੰਗਾਰਾ ਮਿਲੇਗਾ।

ਇਸ ਦੌਰਾਨ ਪ੍ਰਸਿੱਧ ਕਬੱਡੀ ਕੋਚ ਅਜੀਤ ਸਿੰਘ ਮਾਲੜੀ ਅਤੇ ਕਬੱਡੀ ਪ੍ਰਮੋਟਰਾਂ ਦਲੀਪ ਸਿੰਘ ਗਰੇਵਾਲ, ਮੁਖਤਿਆਰ ਸਿੰਘ ਜਗਤਪੁਰ, ਬਲਬੀਰ ਸਿੰਘ ਸ਼ੰਕਰ ਅਤੇ ਮਹਿੰਦਰ ਸਿੰਘ ਮੌੜ ਵੱਲੋਂ ਕਬੱਡੀ ਦੀ ਪ੍ਰਫੁੱਲਤਾ ਲਈ ਪਾਏ ਮਹੱਤਵਪੂਰਨ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਮਿਲਣੀ ਵਿੱਚ 1954 ਦੌਰਾਨ ਲੁਧਿਆਣਾ ਵਿਖੇ ਪੰਜਾਬ ਅਤੇ ਪਾਕਿਸਤਾਨ ਦੀਆਂ ਟੀਮਾਂ ਵਿਚਾਲੇ ਹੋਏ ਇਤਿਹਾਸਕ ਕਬੱਡੀ ਮੁਕਾਬਲੇ ਅਤੇ 1974 ਵਿੱਚ ਪੰਜਾਬ ਅਤੇ ਇੰਗਲੈਂਡ ਦੀਆਂ ਟੀਮਾਂ ਦਰਮਿਆਨ ਖੇਡੇ ਗਏ ਮੈਚਾਂ ਦੀਆਂ ਯਾਦਾਂ ਵੀ ਸਾਂਝੀਆਂ ਕੀਤੀਆਂ ਗਈਆਂ। ਪੰਜਾਬ ਸਟਾਈਲ ਕਬੱਡੀ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਖੇਡ ਦੇ ਬਿਹਤਰ ਅਤੇ ਇਕਸਾਰ ਨਿਯਮ ਬਣਾਉਣ ਸਬੰਧੀ ਅਹਿਮ ਸੁਝਾਅ ਵੀ ਪੇਸ਼ ਕੀਤੇ ਗਏ।

ਇਸ ਮੌਕੇ ਰੁਸਤਮ-ਏ-ਹਿੰਦ ਅਤੇ ਭਾਰਤ ਕੇਸਰੀ ਖ਼ਿਤਾਬ ਜੇਤੂ ਖੁਸ਼ਵੰਤ ਸਿੰਘ ਸਿੱਧੂ, ਜੋ ਆਪਣੇ ਸਮੇਂ ਦੇ ਬਹੁਤ ਹੀ ਤਕੜੇ ਪਹਿਲਵਾਨ ਰਹੇ ਹਨ, ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਵਰਿੰਦਰ ਸਿੰਘ ਸੰਧੂ ਵੱਲੋਂ ਸੁਖਵੰਤ ਸਿੰਘ, ਬਲਦੇਵ ਸਿੰਘ 'ਸਿਮਰੂ', ਸੰਤੋਖ ਸਿੰਘ ਮੰਡੇਰ, ਗੁਰਜੀਤ ਸਿੰਘ ਪੁਰੇਵਾਲ ਅਤੇ ਅਜੈਬ ਸਿੰਘ ਚੱਠਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੁਲਤਾਰ ਸਿੰਘ ਥਿਆੜਾ ਵੱਲੋਂ ਸਮੂਹ ਹਾਜ਼ਰੀਨ ਲਈ ਸੁਆਦੀ ਭੋਜਨ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ। ਸਮਾਗਮ ਦੀਆਂ ਯਾਦਗਾਰੀ ਤਸਵੀਰਾਂ ਸੰਤੋਖ ਸਿੰਘ ਮੰਡੇਰ ਨੇ ਖਿੱਚੀਆਂ ਅਤੇ ਅੰਤ ਵਿੱਚ ਸਾਰੇ ਖਿਡਾਰੀਆਂ ਦੀ ਸਾਂਝੀ ਗਰੁੱਪ ਫੋਟੋ ਵੀ ਲਈ ਗਈ।

ਕਬੱਡੀ ਖਿਡਾਰੀਆਂ ਦੀ ਇਹ ਮਿਲਣੀ ਬਹੁਤ ਹੀ ਸਫ਼ਲ ਅਤੇ ਯਾਦਗਾਰੀ ਰਹੀ। ਹਾਜ਼ਰੀਨ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਮਿਲਣੀ ਫਰਵਰੀ 2027 ਵਿੱਚ ਹੋਣ ਵਾਲੇ ਕਬੱਡੀ ਖਿਡਾਰੀਆਂ ਦੇ ਸਨਮਾਨ ਸਮਾਰੋਹ ਦੀ ਸਫ਼ਲਤਾ ਲਈ ਬਹੁਤ ਸਹਾਈ ਸਿੱਧ ਹੋਵੇਗੀ।

## ਦਾਖਾ 'ਚ ਪੰਜਾਬ ਸਰਕਾਰ ਵੱਲੋਂ ਕਰਵਾਏ ਡਰੋਨ ਸ਼ੋਅ ਨੂੰ ਸੰਗਤ ਦਾ ਭਰਵਾਂ ਹੁੰਗਾਰਾ

### ਭਗਵੰਤ ਮਾਨ ਸਰਕਾਰ ਗੁਰੂ ਰਵਿਦਾਸ ਜੀ ਦਾ 650 ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੀ ਪੱਧਰ 'ਤੇ ਮਨਾ ਰਹੀ ਹੈ : ਡਾ. ਕੰਗ ਤੇ ਡਾ. ਗਿੱਲ

### ਦਾਖਾ 'ਚ ਉੱਡੇ 500 ਡਰੋਨਾਂ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ-ਦਰਸ਼ਨ, ਬਾਣੀ ਤੇ ਸਰਬ-ਸਾਂਝੀਵਾਲਤਾ ਦੇ ਸੁਨੇਹੇ ਨੂੰ ਚਿਤਰਿਆ

ਵਰਲਡ ਪੰਜਾਬੀ ਟਾਈਮਜ਼




ਮੁੱਲਾਂਪੁਰ ਦਾਖਾ, (ਲੁਧਿਆਣਾ), 21 ਸਤੰਬਰ: ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਾਖਾ ਵਿਖੇ ਕਰਵਾਏ ਗਏ ਨਿਵੇਕਲੇ ਡਰੋਨ ਸ਼ੋਅ ਨੂੰ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਸਕੂਲ ਗਰਾਊਂਡ ਵਿਖੇ ਕਰਵਾਏ ਗਏ ਇਸ ਵਿਸ਼ੇਸ਼ ਸਮਾਗਮ ਦੌਰਾਨ 500 ਡਰੋਨਾਂ ਦੀ ਸ਼ਾਨਦਾਰ ਪੇਸ਼ਕਾਰੀ ਨੇ ਰਾਤ ਦੇ ਅੰਬਰ ਨੂੰ ਰੌਸ਼ਨ ਕਰਦਿਆਂ ਸੰਗਤ ਨੂੰ ਅਧਿਆਤਮਿਕਤਾ ਅਤੇ ਆਧੁਨਿਕ ਤਕਨੀਕ ਦੇ ਵਿਲੱਖਣ ਸੁਮੇਲ ਨਾਲ ਰੂਬਰੂ ਕਰਵਾਇਆ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਕੇ.ਐਨ.ਐਸ. ਕੰਗ ਅਤੇ ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਨੇ ਸੰਗਤ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸ ਤਹਿਤ ਸੂਬੇ ਦੇ ਵੱਖ-ਵੱਖ ਸਥਾਨਾਂ 'ਤੇ ਵਿਸ਼ੇਸ਼ ਸਮਾਗਮ ਅਤੇ ਧਾਰਮਿਕ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਗੁਰੂ ਸਾਹਿਬ ਦੀ ਮਹਾਨ ਵਿਰਾਸਤ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਸਕੇ।

ਡਾ. ਕੇ.ਐਨ.ਐਸ ਕੰਗ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣੀ ਬਾਣੀ ਅਤੇ ਜੀਵਨ ਰਾਹੀਂ ਮਨੁੱਖਤਾ ਨੂੰ ਬਰਾਬਰਤਾ, ਆਪਸੀ ਭਾਈਚਾਰੇ, ਸਾਂਝੀਵਾਲਤਾ ਅਤੇ ਸਮਾਜਿਕ ਏਕਤਾ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਪ੍ਰੇਰਨਾ ਸਰੋਤ ਹਨ ਅਤੇ ਇਨ੍ਹਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਸਮੇਂ ਦੀ ਲੋੜ ਹੈ।

ਡਾ. ਤੇਜਪਾਲ ਸਿੰਘ ਗਿੱਲ ਨੇ ਕਿਹਾ ਕਿ ਅਜਿਹੇ ਸਮਾਗਮ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ, ਵਿਚਾਰਧਾਰਾ ਅਤੇ ਸਿੱਖਿਆਵਾਂ ਬਾਰੇ ਜਾਣੂ ਕਰਵਾਉਣ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ। ਆਧੁਨਿਕ ਤਕਨੀਕ ਰਾਹੀਂ ਪੇਸ਼ ਕੀਤੀਆਂ ਗਈਆਂ ਰੌਸ਼ਨ ਆਕ੍ਰਿਤੀਆਂ ਨੇ ਗੁਰੂ ਸਾਹਿਬ ਦੇ ਸੰਦੇਸ਼ ਨੂੰ ਨਵੇਂ ਅਤੇ ਦਿਲਚਸਪ ਢੰਗ ਨਾਲ ਲੋਕਾਂ ਤੱਕ ਪਹੁੰਚਾਇਆ।

ਸਕੂਲ ਗਰਾਊਂਡ ਤੋਂ ਉੱਡੇ 500 ਡਰੋਨਾਂ ਨੇ ਅੰਬਰ ਵਿੱਚ ਵੱਖ-ਵੱਖ ਰੌਸ਼ਨ ਆਕ੍ਰਿਤੀਆਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਫ਼ਲਸਫ਼ੇ ਅਤੇ ਸਰਬ-ਸਾਂਝੀਵਾਲਤਾ ਦੇ ਸੰਦੇਸ਼ ਨੂੰ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਇਸ ਪੇਸ਼ਕਾਰੀ ਨੇ ਹਾਜ਼ਰ ਸੰਗਤ ਨੂੰ ਗੁਰੂ ਸਾਹਿਬ ਦੀ ਅਧਿਆਤਮਿਕ ਵਿਰਾਸਤ ਨਾਲ ਜੋੜਿਆ।

ਇਸ ਮੌਕੇ ਭਾਈ ਬਰਜਿੰਦਰ ਸਿੰਘ ਦੇ ਰਾਗੀ ਦੇ ਜੱਥੇ ਵੱਲੋਂ ਕੀਰਤਨ ਕਰਕੇ ਵੱਡੀ ਗਿਣਤੀ ਵਿੱਚ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਦਾਖਾ ਤੋਂ ਬਾਅਦ 21 ਸਤੰਬਰ ਨੂੰ ਅਨਾਜ ਮੰਡੀ ਰਾਏਕੋਟ ਅਤੇ 22 ਸਤੰਬਰ ਨੂੰ ਨਵੀਂ ਅਨਾਜ ਮੰਡੀ ਜਗਰਾਉਂ ਵਿਖੇ ਡਰੋਨ ਸ਼ੋਅ ਕਰਵਾਏ ਜਾਣਗੇ।

ਇਸ ਮੌਕੇ ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੱਛਮੀ) ਸ੍ਰੀ ਕੁਲਦੀਪ ਬਾਵਾ, ਤਹਿਸੀਲਦਾਰ ਸ੍ਰੀ ਹਰਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

## ਪੀ.ਏ.ਯੂ. ਲੁਧਿਆਣਾ ਵਿਖੇ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਸਿੱਖਿਆਵਾਂ ਦੀ ਸ਼ਾਨਦਾਰ ਪੇਸ਼ਕਾਰੀ ਹੋਈ

### ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਨੇ ਸੰਗਤਾਂ ਦਾ ਮਨ ਮੋਹਿਆ

### *ਪੰਜਾਬ ਸਰਕਾਰ ਨੇ ਗੁਰੂ ਰਵਿਦਾਸ ਜੀ ਦੇ ਸਿਧਾਂਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਕੀਤਾ ਵਿਸ਼ੇਸ਼ ਉਪਰਾਲਾ

ਵਰਲਡ ਪੰਜਾਬੀ ਟਾਈਮਜ਼ / ਨਵਜੋਤ ਕੌਰ

ਲੁਧਿਆਣਾ, 21 ਸਤੰਬਰ : ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਸ਼ਨੀਵਾਰ ਸ਼ਾਮ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਦੇ ਐਥਲੈਟਿਕ/ਫੁੱਟਬਾਲ ਗਰਾਊਂਡ ਵਿਖੇ 500 ਡਰੋਨਾਂ ਰਾਹੀਂ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ। ਇਸ ਦੌਰਾਨ ਅਸਮਾਨ ਵਿੱਚ ਰੌਸ਼ਨੀਆਂ ਰਾਹੀਂ ਗੁਰੂ ਜੀ ਦੇ ਜੀਵਨ, ਮਹਾਨ ਸਿੱਖਿਆਵਾਂ, ਸੱਚੀ-ਸੁੱਚੀ ਕਿਰਤ ਅਤੇ ਸਰਬ-ਸਾਂਝੇ ਫ਼ਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ।



ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਤਕਨਾਲੋਜੀ ਅਤੇ ਅਧਿਆਤਮਿਕਤਾ ਦੇ ਇਸ ਵਿਲੱਖਣ ਸੁਮੇਲ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਨਿਹਾਰਿਆ। ਡਰੋਨਾਂ ਰਾਹੀਂ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਪੇਸ਼ ਕੀਤਾ ਗਿਆ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਸਿੱਧੂ, ਜੀਵਨ ਸਿੰਘ ਸੰਗੋਵਾਲ, ਚੌਧਰੀ ਮਦਨ ਲਾਲ ਬੱਗਾ, ਨਗਰ ਨਿਗਮ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਚੇਅਰਮੈਨ ਮਾਰਕੀਟ ਕਮੇਟੀ ਲੁਧਿਆਣਾ ਗੁਰਜੀਤ ਸਿੰਘ ਗਿੱਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਤਿੰਦਰ ਖੰਗੂੜਾ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਿਤ ਬੈਂਬੀ, ਉਪ ਮੰਡਲ ਮੈਜਿਸਟਰੇਟ (ਐਸ.ਡੀ.ਐਮ) ਸਮਰਾਲਾ ਗੁਰਸਿਮਰਨਜੀਤ ਕੌਰ, ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ) ਮਨਕੰਵਲ ਚਾਹਲ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਸੀ।

ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਸਿੱਧੂ, ਜੀਵਨ ਸਿੰਘ ਸੰਗੋਵਾਲ, ਚੌਧਰੀ ਮਦਨ ਲਾਲ ਬੱਗਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ, ਤਾਂ ਜੋ ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਫ਼ਲਸਫ਼ੇ ਤੋਂ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਡਰੋਨ ਸ਼ੋਅ ਗੁਰੂ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਬਰਾਬਰੀ ਤੇ ਮਨੁੱਖੀ ਸਨਮਾਨ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ।

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਸਬੰਧੀ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਦਕਿ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਉਦੇਸ਼ ਗੁਰੂ ਜੀ ਦੇ ਸਰਬ-ਸਾਂਝੇ ਫ਼ਲਸਫ਼ੇ ਅਤੇ ਸਿੱਖਿਆਵਾਂ ਦਾ ਵੱਧ ਤੋਂ ਵੱਧ ਪ੍ਰਸਾਰ ਕਰਨਾ ਹੈ।

ਉਹਨਾਂ ਨੇ ਕਿਹਾ ਕਿ ਗੁਰੂ ਜੀ ਦਾ ਜੀਵਨ ਅਤੇ ਬਾਣੀ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਸਾਂਝੀਵਾਲਤਾ ਅਤੇ ਸਨਮਾਨ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦੇ ਹਨ।

ਉਹਨਾਂ ਦੱਸਿਆ ਕਿ ਲੁਧਿਆਣਾ ਤੋਂ ਬਾਅਦ 20 ਸਤੰਬਰ ਨੂੰ ਦਾਖਾ ਸਕੂਲ ਗਰਾਊਂਡ, 21 ਸਤੰਬਰ ਨੂੰ ਅਨਾਜ ਮੰਡੀ ਰਾਏਕੋਟ ਅਤੇ 22 ਸਤੰਬਰ ਨੂੰ ਨਵੀਂ ਅਨਾਜ ਮੰਡੀ ਜਗਰਾਉਂ ਵਿਖੇ ਡਰੋਨ ਸ਼ੋਅ ਕਰਵਾਏ ਜਾਣਗੇ।

## ਬਾਬਾ ਫਰੀਦ ਆਗਮਨ ਪੁਰਬ ਮੌਕੇ ਤਿੰਨ ਰੋਜ਼ਾ ਨੈਸ਼ਨਲ ਪੇਂਟਿੰਗ ਵਰਕਸ਼ਾਪ ਦਾ ਸ਼ਾਨਦਾਰ ਆਗਾਜ਼

### ਵਰਕਸ਼ਾਪ ਦਾ ਉਦਘਾਟਨ ਸੁਖਜੀਤ ਸਿੰਘ ਢਿੱਲਵਾਂ ਅਤੇ ਮਨਦੀਪ ਸਿੰਘ ਮੌਂਗਾ ਨੇ ਸਾਂਝੇ ਤੌਰ 'ਤੇ ਕੀਤਾ

ਵਰਲਡ ਪੰਜਾਬੀ ਟਾਈਮਜ਼ / ਟਿੰਕੂ ਕੁਮਾਰ



ਕੋਟਕਪੂਰਾ, 21 ਸਤੰਬਰ : ਬਾਬਾ ਫਰੀਦ ਜੀ ਦੇ ਆਗਮਨ ਪੁਰਬ ਦੇ ਪਵਿੱਤਰ 'ਤੇ ਸ਼ੁਭ ਦਿਹਾੜੇ ਨੂੰ ਸਮਰਪਿਤ ਸੰਤ ਬਾਬਾ ਫਰੀਦ ਆਰਟ ਸੁਸਾਇਟੀ (ਰਜਿ.), ਫਰੀਦਕੋਟ ਵੱਲੋਂ ਸੰਜੀਵਨੀ ਹਾਲ, ਬਰਜਿੰਦਰਾ ਕਾਲਜ, ਫਰੀਦਕੋਟ ਵਿਖੇ ਤਿੰਨ ਰੋਜ਼ਾ ਨੈਸ਼ਨਲ ਪੇਂਟਿੰਗ ਵਰਕਸ਼ਾਪ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਇੰਜੀ. ਸੁਖਜੀਤ ਸਿੰਘ ਢਿੱਲਵਾਂ, ਵਾਈਸ ਚੇਅਰਮੈਨ ਪੇਡਾ ਪੰਜਾਬ ਅਤੇ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਮਨਦੀਪ ਸਿੰਘ ਮੌਂਗਾ, ਸੈਕਟਰੀ ਰੈੱਡ ਕਰਾਸ ਸੁਸਾਇਟੀ, ਫਰੀਦਕੋਟ ਵੱਲੋਂ ਸਾਂਝੇ ਤੌਰ 'ਤੇ ਜੋਤ ਪ੍ਰਜਵਲਿਤ ਕਰਕੇ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਫਰੀਦ ਆਰਟ ਸੁਸਾਇਟੀ ਦੇ ਪ੍ਰਧਾਨ ਪ੍ਰੀਤ ਭਗਵਾਨ ਸਿੰਘ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੇ ਕਲਾਕਾਰਾਂ ਅਤੇ ਸਾਰੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ 'ਜੀ ਆਇਆਂ ਨੂੰ' ਕਿਹਾ ਗਿਆ। ਇਸ ਤਿੰਨ ਰੋਜ਼ਾ ਨੈਸ਼ਨਲ ਪੇਂਟਿੰਗ ਵਰਕਸ਼ਾਪ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਪ੍ਰਸਿੱਧ ਅਤੇ ਮਾਹਿਰ ਕਲਾਕਾਰ ਆਪਣੀ ਕਲਾ ਦਾ ਹੁਨਰ ਅਤੇ ਰਚਨਾਤਮਕਤਾ ਪੇਸ਼ ਕਰਨਗੇ। ਵਰਕਸ਼ਾਪ ਵਿੱਚ ਪਰਵੀਨ ਸੈਣੀ, ਮੁਜ਼ੱਫਰਨਗਰ (ਉੱਤਰ ਪ੍ਰਦੇਸ਼), ਮਮਤਾ ਰਾਜਪੂਤ, ਬਹਜੋਈ (ਉੱਤਰ ਪ੍ਰਦੇਸ਼), ਮਨਜੀਤ ਕੌਰ, ਚੰਡੀਗੜ੍ਹ, ਜੀਵਨ ਸਿੰਘ ਬਰਾੜ, ਹੁਸ਼ਿਆਰਪੁਰ, ਸ਼ਕੁੰਤਲਾ ਮਹਾਵੀਰ, ਜੈਪੁਰ (ਰਾਜਸਥਾਨ), ਸ਼ਿਸ਼ੂ ਪਾਲ, ਜੈਪੁਰ (ਰਾਜਸਥਾਨ), ਹਰਵਿੰਦਰ ਕੌਰ, ਫਰੀਦਕੋਟ, ਪਰਮਿੰਦਰ ਸਿੰਘ ਟੋਨੀ, ਫਰੀਦਕੋਟ, ਸਤਪਾਲ ਕੌਰ, ਫਰੀਦਕੋਟ, ਗੀਤੀਮਨ, ਕੋਟਕਪੂਰਾ ਅਤੇ ਉਦਿਸ਼ ਬੈਬੀ ਵਿਸ਼ੇਸ਼ ਤੌਰ 'ਤੇ ਭਾਗ ਲੈ ਰਹੇ ਹਨ। ਇਸ ਮੌਕੇ ਸ. ਗੁਰਤੇਜ ਸਿੰਘ ਖੋਸਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਫਰੀਦਕੋਟ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਕਲਾਕਾਰਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਸਮਾਗਮ ਦੌਰਾਨ ਸੰਤ ਬਾਬਾ ਫਰੀਦ ਆਰਟ ਸੁਸਾਇਟੀ ਦੇ ਮੁੱਖ ਸਰਪ੍ਰਸਤ ਸ੍ਰੀ ਸੁਖਦੇਵ ਸਿੰਘ ਦੋਸਾਂਝ, ਜਨਰਲ ਸਕੱਤਰ ਸ੍ਰੀ ਡਿਪਟੀ ਸਿੰਘ, ਮੀਡੀਆ ਕੋਆਰਡੀਨੇਟਰ ਸ੍ਰੀ ਬਲਜੀਤ ਗਰੋਵਰ, ਮੀਤ ਪ੍ਰਧਾਨ ਸ੍ਰੀ ਪਰਮਿੰਦਰ ਸਿੰਘ ਟੋਨੀ, ਸਹਿ-ਖਜ਼ਾਨਚੀ ਸ੍ਰੀਮਤੀ ਸਤਵੀਰ ਕੌਰ, ਮੈਂਬਰ ਹਰਵਿੰਦਰ ਕੌਰ, ਅਨੂ ਬਾਲਾ, ਰਜਿੰਦਰ ਸਿੰਘ ਡਿੰਪੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮਾਂ ***

ਵਰਲਡ ਪੰਜਾਬੀ ਟਾਈਮਜ਼ / ਸੁਰਜੀਤ ਸਾਰੰਗ

ਮਾਂ ਸ਼ਬਦ ਅੱਤ ਦਾ ਮਿੱਠਾ ਹੈ,
ਅੰਦਰ ਨੂੰ ਠੰਢ ਪੁਚਾਉਣ ਵਾਲਾ ਹੈ।

ਮਾਂ ਅਤੇ ਸੰਤਾਨ ਦਾ ਰਿਸ਼ਤਾ ਆਪਸ ਵਿੱਚ ਬੜਾ ਗਹਿਰਾ ਰਿਸ਼ਤਾ ਹੈ।
ਪਿਤਾ ਦਾ ਬਿੰਬ ਹੈ, ਮਾਂ ਦਾ ਰਕਤ ਹੈ।
ਪਰੰਤੂ ਬੱਚਾ ਮਾਂ ਦੀ ਕੁੱਖ ਵਿੱਚ ਪਲਦਾ ਹੈ।
ਮਾਂ ਦੇ ਖੂਨ ਵਿੱਚੋਂ ਉਸ ਨੂੰ ਖੂਨ ਮਿਲਦਾ ਹੈ,
ਮਾਂ ਦੀ ਖੁਰਾਕ ਵਿੱਚੋਂ ਉਸ ਨੂੰ ਖੁਰਾਕ ਮਿਲਦੀ ਹੈ,
ਮਾਂ ਦੀ ਜ਼ਿੰਦਗੀ ਵਿੱਚੋਂ ਉਸ ਨੂੰ ਜ਼ਿੰਦਗੀ ਮਿਲਦੀ ਹੈ।

ਮਾਂ ਦੀ ਧੜਕਣ, ਬੱਚੇ ਦੀ ਧੜਕਣ ਬਣਦੀ ਹੈ।
ਬੱਚਾ ਮਾਂ ਦੀ ਕੁੱਖ ਵਿੱਚੋਂ ਖੂਨ ਲੈਂਦਾ ਹੈ, ਖੁਰਾਕ ਲੈਂਦਾ ਹੈ,
ਉਹ ਨਾਭੀ ਕਰਕੇ ਮਾਂ ਦੇ ਨਾਲ ਜੁੜਿਆ ਹੋਇਆ ਹੈ।

ਇਹ ਸਚਾਈ ਹੈ – ਅਖੀਰ ਤੇ ਭਾਵੇਂ ਉਹ ਬਜ਼ੁਰਗ ਹੋ ਜਾਵੇ,
ਉਸ ਦੇ ਕੇਸ ਚਿੱਟੇ ਦੁੱਧ ਵਰਗੇ ਹੋ ਜਾਣ,
ਉਸ ਦੇ ਘਰ ਪੁੱਤ-ਪੋਤਰੇ ਆ ਜਾਣ,
ਪਰ ਦੁੱਖ ਵੇਲੇ ਮੂੰਹੋਂ ਇਹੀ ਸ਼ਬਦ ਨਿਕਲਦਾ ਹੈ –
"ਹਾਏ ਮਾਂ ਮੇਰੀਏ"

ਹਮੇਸ਼ਾ ਲੋਕ ਸ਼ਬਦ ਵਰਤਦੇ ਹਨ "ਹਾਏ ਮਾਂ" ਕਿਉਂ ?
ਇਸ ਦਾ ਕਾਰਨ ਇਹ ਹੈ – ਬੱਚਾ ਉਸ ਮਾਂ ਦੀ ਗੋਦ ਵਿੱਚ ਜ਼ਿੰਦਗੀ ਲਈ ਹੈ,
ਉਸ ਨੇ ਮਾਂ ਦੇ ਸੀਨੇ ਵਿੱਚੋਂ ਅੰਮ੍ਰਿਤ ਸੀਰ ਪੀਤਾ ਹੈ,
ਉਸ ਦੀ ਰਗ-ਰਗ ਵਿੱਚ ਮਾਂ ਹੀ ਰਚੀ ਹੋਈ ਹੈ।

ਜਦੋਂ ਵੀ ਬੱਚਾ ਬੋਲਦਾ ਹੈ ਉਸ ਦੇ ਮੂੰਹ ਵਿੱਚੋਂ ਮਾਂ ਹੀ ਨਿਕਲਦਾ ਹੈ।

ਮਾਂ... ਮਾਂ... ਮਾਂ... ਮਾਂ... ਮਾਂ...